**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।**

ਹੁਕਮ ਨੰ:: (2210 ਸੇ-3) 3/221-14 ਸੇ1(8) ਕੋ:ਸ:3
ਮਿਤੀ, ਐਸ.ਏ.ਐਸ ਨਗਰ :: 15-07-2016

ਪੰਜਾਬ ਸਰਕਾਰ ਦੇ ਪੱਤਰ ਨੰ: 6/26/2011-6ਪੀ.ਪੀ.3/2046 ਮਿਤੀ 22-12-2011 ਅਤੇ ਪੱਤਰ ਨੰ: 6/26/2011-6ਪੀ.ਪੀ.3/1276 ਮਿਤੀ 08-08-2012 ਦੇ ਸਨਮੁੱਖ ਸ੍ਰੀਮਤੀ ਗੁਰਜੀਤ ਰੰਧਾਵਾ, ਪ੍ਰਿੰਸੀਪਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੁੱਲਾਪੁਰ ਗਰੀਬਦਾਸ, ਜ਼ਿਲ੍ਹਾ ਐਸ.ਏ.ਐਸ ਨਗਰ ਦੀ ਮਿਤੀ 11.07.16 ਤੋਂ ਮਿਤੀ 05.10.16 ਤੱਕ ਦੀ ਚਾਈਲਡ ਕੇਅਰ ਲੀਵ (ਬੱਚੇ ਦੀ ਪ੍ਰੀਖਿਆ ਦੀ ਤਿਆਰੀ ਲਈ) ਇਸ ਸ਼ਰਤ ਤੇ ਮਨਜ਼ੂਰ ਕੀਤੀ ਜਾਂਦੀ ਹੈ ਕਿ ਉਹ ਚਾਈਲਡ ਕੇਅਰ ਲੀਵ ਸਬੰਧੀ ਸਮੇਂ ਸਮੇਂ ਤੇ ਸਰਕਾਰ ਵੱਲੋਂ ਜਾਰੀ ਕੀਤੀਆਂ ਹਦਾਇਤਾਂ, ਵਿੱਚ ਦਰਜ ਉਪਬੰਧਾ ਦੀ ਪਾਲਣਾ ਕਰੇਗੀ। ਜੇਕਰ ਅਧਿਆਪਿਕਾ ਦੀ ਬੋਰਡ ਦੀਆਂ ਪਰੀਖਿਆਵਾਂ ਆਦਿ ਵਿਚ ਡਿਊਟੀ ਲੱਗੀ ਹੋਵੇ ਤਾਂ ਇਹ ਛੁੱਟੀ ਰੱਦ ਸਮਝੀ ਜਾਵੇ।

ਡਾ. ਜੀ. ਵਜਰਾਲਿੰਗਮ
ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ
ਸਕੂਲ ਸਿੱਖਿਆ ਵਿਭਾਗ ਪੰਜਾਬ, ਚੰਡੀਗੜ੍ਹ

ਪਿੱਠ ਅੰਕਣ ਨੰ: ਉਕਤ / 11354-56 ਮਿਤੀ, ਐਸ.ਏ.ਐਸ ਨਗਰ: 15/7/16

ਉਤਾਰਾ ਹੇਠ ਲਿਖਿਆ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਜ਼ਿਲ੍ਹਾ ਸਿੱਖਿਆ ਅਫਸਰ(ਸੈਸਿ), ਐਸ.ਏ.ਐਸ ਨਗਰ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਅਧਿਆਪਕਾ ਦੀ ਛੁੱਟੀ ਉਪਰੰਤ ਸਮੇਂ ਸਿਰ ਹਾਜਰ ਹੋਣ/ ਨਾ ਹਾਜਰ ਹੋਣ ਸਬੰਧੀ ਸੂਚਨਾ ਸਮੇ ਸਿਰ ਦਫਤਰ ਨੂੰ ਉਪਲੱਬਧ ਕਰਾਉਣੀ ਯਕੀਨੀ ਬਣਾਈ ਜਾਵੇ।
2. ਪ੍ਰਿੰਸੀਪਲ/ਮੁੱਖਅਧਿਆਪਕ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੁੱਲਾਪੁਰ ਗਰੀਬਦਾਸ, ਜ਼ਿਲ੍ਹਾ ਐਸ.ਏ.ਐਸ ਨਗਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਅਧਿਆਪਕਾ ਦੀ ਛੁੱਟੀ ਸਬੰਧੀ ਇੰਦਰਾਜ ਸੇਵਾ ਪੱਤਰੀ ਵਿੱਚ ਕੀਤਾ ਜਾਵੇ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਮਿਤੀ 18-10-2012 ਅਨੁਸਾਰ ਕਰਮਚਾਰੀ ਦੀ ਛੁੱਟੀ 10 ਦਿਨ ਤੋਂ ਵੱਧ ਹੋਣ ਕਾਰਨ ਉਸ ਨੂੰ ਮੋਬਾਇਲ ਭੱਤੇ ਦੀ ਅਦਾਇਗੀ ਨਹੀ ਕੀਤੀ ਜਾਣੀ ਹੈ।
3. ਸ੍ਰੀਮਤੀ ਗੁਰਜੀਤ ਰੰਧਾਵਾ, ਪ੍ਰਿੰਸੀਪਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੁੱਲਾਪੁਰ ਗਰੀਬਦਾਸ, ਜ਼ਿਲ੍ਹਾ ਐਸ.ਏ.ਐਸ ਨਗਰ।

ਸੁਪਰਡੰਟ ਕੋਆਰਡੀਨੇਸ਼ਨ ਸੈਲ

ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਐਸ.ਏ.ਐਸ ਨਗਰ, ਪੰਜਾਬ।

ਹੁਕਮ ਨੰ: 7/94-16 ਅ3(4) ਕੋ:ਸ:4
ਮਿਤੀ, ਐਸ.ਏ.ਐਸ ਨਗਰ : 15-07-2016

ਸ਼੍ਰੀਮਤੀ ਸਰਬਜੀਤ ਕੌਰ, ਸਾਇੰਸ ਮਿਸਟ੍ਰੈਸ, ਸਸਸਸ ਘਣੂਪੁਰ, ਜ਼ਿਲਾ ਅੰਮ੍ਰਿਤਸਰ ਨੂੰ ਮਿਤੀ 20-07-16 ਤੋਂ ਮਿਤੀ 19-08-16 ਤੱਕ ਸਟੇਸ਼ਨ ਲੀਵ, ਅੱਧੀ ਤਨਖਾਹ ਛੁਟੀ ਵਿਦੇਸ਼ (ਆਸਟ੍ਰੇਲੀਆ) ਜਾਣ ਲਈ ਹੇਠ ਲਿਖੀਆਂ ਸ਼ਰਤਾਂ ਤੇ ਮੰਜ਼ੂਰੀ ਦਿੱਤੀ ਜਾਂਦੀ ਹੈ:-

1. ਕਰਮਚਾਰੀ/ਅਧਿਕਾਰੀ ਆਪਣੀ ਛੁੱਟੀ ਵਿਚ ਵਾਧਾ ਨਹੀ ਕਰੇਗਾ/ ਕਰੇਗੀ।
2. ਕਰਮਚਾਰੀ/ਅਧਿਕਾਰੀ ਵਿਦੇਸ਼ ਵਿੱਚ ਜਾ ਕੇ ਦੇਸ਼ ਵਿਰੋਧੀ ਗਤੀਵਿਧੀਆ ਵਿਚ ਹਿਸਾ ਨਹੀ ਲਵੇਗਾ/ਲਵੇਗੀ।
3. ਕਰਮਚਾਰੀ/ਅਧਿਕਾਰੀ ਛੁੱਟੀ ਖਤਮ ਹੋਣ ਤੇ ਵਾਪਸ ਹਾਜਰ ਨਹੀ ਹੁੰਦਾ/ਹੁੰਦੀ ਤਾਂ ਉਸ ਵਲੋ ਦਿੱਤੇ ਹਲਫੀਆ ਬਿਆਨ ਅਨੁਸਾਰ ਉਸਦਾ ਸਰਕਾਰੀ ਨੌਕਰੀ ਤੋ ਅਸਤੀਫਾ ਪ੍ਰਵਾਨ ਕਰ ਲਿਆ ਜਾਵੇਗਾ।
4. ਕਰਮਚਾਰੀ/ਅਧਿਕਾਰੀ ਵਿਦੇਸ਼ ਵਿੱਚ ਰਹਿੰਦੇ ਹੋਏ ਆਪਣੀ ਆਮਦਨ ਲਈ ਕਿਸੇ ਹੋਰ ਜਗ੍ਹਾ ਨੌਕਰੀ ਨਹੀਂ ਕਰੇਗਾ/ ਕਰੇਗੀ।
5. ਕਰਮਚਾਰੀ/ਅਧਿਕਾਰੀ ਖਿਲਾਫ ਕੋਈ ਪੁਲਿਸ/ਵਿਜੀਲੈਂਸ ਕੇਸ /ਵਿਭਾਗੀ ਪੈਂਡਿੰਗ ਪੜਤਾਲ/ਏ.ਜੀ. ਪੰਜਾਬ ਵੱਲੋਂ ਆਡਿਟ ਇਤਰਾਜ ਅਤੇ ਐਲ.ਟੀ.ਸੀ ਆਦਿ ਸਬੰਧੀ ਕੋਈ ਕੇਸ ਪੈਡਿੰਗ ਨਾ ਹੋਵੇ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 11351-53 ਮਿਤੀ :- 15-7-16

ਉਤਾਰਾ ਹੇਠ ਲਿਖਿਆ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਲਈ ਭੇਜਿਆ ਜਾਦਾ ਹੈ :-

1. ਜ਼ਿਲ੍ਹਾ ਸਿੱਖਿਆ ਅਫਸਰ(ਸੈਸਿ) ਅੰਮ੍ਰਿਤਸਰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ/ ਅਧਿਕਾਰੀ ਦੀ ਛੁੱਟੀ ਉਪਰੰਤ ਸਮੇਂ ਸਿਰ ਹਾਜ਼ਰ ਹੋਣ/ਨਾ ਹੋਣ ਸਬੰਧੀ ਸੂਚਨਾ ਇਸ ਦਫਤਰ ਨੂੰ ਉਪਲੱਬਧ ਕਰਾਉਣੀ ਯਕੀਨੀ ਬਣਾਈ ਜਾਵੇ।
2. ਪ੍ਰਿੰਸੀਪਲ/ਮੁੱਖਅਧਿਆਪਕ, ਸਸਸਸ ਘਣੂਪੁਰ, ਜ਼ਿਲਾ ਅੰਮ੍ਰਿਤਸਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਅਧਿਕਾਰੀ/ਕਰਮਚਾਰੀ ਦੀ ਛੁੱਟੀ ਸਬੰਧੀ ਇੰਦਰਾਜ ਸੇਵਾ ਪੱਤਰੀ ਵਿੱਚ ਕੀਤਾ ਜਾਵੇ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਮਿਤੀ 18-10-2012 ਅਨੁਸਾਰ ਕਰਮਚਾਰੀ/ਅਧਿਕਾਰੀ ਦੀ ਛੁੱਟੀ 10 ਦਿਨ ਤੋ ਵੱਧ ਹੋਣ ਕਾਰੂਨ ਉਸ ਨੂੰ ਮੋਬਾਇਲ ਭੱਤੇ ਦੀ ਅਦਾਇਗੀ ਨਹੀਂ ਕੀਤੀ ਜਾਣੀ ਹੈ।
3. ਸ਼੍ਰੀਮਤੀ ਸਰਬਜੀਤ ਕੌਰ, ਸਾਇੰਸ ਮਿਸਟ੍ਰੈਸ, ਸਸਸਸ ਘਣੂਪੁਰ, ਜ਼ਿਲਾ ਅੰਮ੍ਰਿਤਸਰ।

ਸੁਪਰਡੰਟ ਕੋਆਰਡੀਨੇਸ਼ਨ ਸੈਲ